# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ
# ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ
# ਪੰਜਾਬ ਐਸ.ਸੀ.ਓ. 104-106, ਸੈਕਟਰ 34-ਏ, ਚੰਡੀਗੜ੍ਹ

ਵੱਲ:

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)
ਪੰਜਾਬ।

ਮੀਮੋ ਨੰ. ਏ.ਐਸ.ਪੀ.ਡੀ. (ਮੀਡੀਆ)/ਐਸ.ਐਸ.ਏ./2011/21896-909
ਮਿਤੀ ਚੰਡੀਗੜ੍ਹ 26/4/11

**ਵਿਸ਼ਾ: ਚੌਥੀ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਦਾ ਮਹੀਨਾਵਾਰ ਮੁਲਾਂਕਣ ਕਰਨ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪ੍ਰਾਇਮਰੀ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਦੁਆਰਾ ਪੜ੍ਹੋ ਪੰਜਾਬ ਪ੍ਰੋਗਰਾਮ ਚਲਾਇਆ ਗਿਆ ਹੈ। ਇਸ ਪ੍ਰੋਗਰਾਮ ਅਧੀਨ ਸਾਲ 2011-12 ਲਈ ਸਮੂਹ ਪ੍ਰਾਇਮਰੀ ਸਕੂਲਾਂ ਅੰਦਰ ਬੇਸਲਾਈਨ ਟੈਸਟ ਮਿਤੀ 19.04.11 ਤੋਂ 11.05.2011 ਤੱਕ ਕਰਵਾਇਆ ਜਾ ਰਿਹਾ ਹੈ।ਅਪ੍ਰੈਲ-ਮਈ ਮਹੀਨੇ ਦੌਰਾਨ ਬੱਚਿਆਂ ਦੇ ਨਵੇਂ ਦਾਖਲੇ, ਆਰੰਭਕ ਪੰਦਰਵਾੜਾ ਮਨਾਉਣ ਅਤੇ ਟੀਚਿਆਂ ਤੋਂ ਪਿੱਛੇ ਰਹਿੰਦੇ ਬੱਚਿਆਂ ਨੂੰ ਟੀਚੇ ਪੂਰੇ ਕਰਵਾਏ ਜਾਣੇ ਹਨ, ਜਿਸ ਕਾਰਨ ਅਪ੍ਰੈਲ-ਮਈ ਮਹੀਨੇ ਦੌਰਾਨ ਸਿਲੇਬਸ ਵੰਡ ਵਿੱਚ ਵੀ ਬਹੁਤ ਹੀ ਘੱਟ ਸਿਲੇਬਸ ਰੱਖਿਆ ਗਿਆ ਹੈ।

3.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਚੌਥੀ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਦਾ ਅਪ੍ਰੈਲ ਅਤੇ ਮਈ ਮਹੀਨੇ ਦਾ ਸਰਵ ਵਿਆਪੀ ਮੁਲਾਂਕਣ ਜੁਲਾਈ ਮਹੀਨੇ ਦੇ ਦੂਜੇ ਹਫਤੇ ਕਰਵਾਇਆ ਜਾਵੇ ਜੀ।

**ਡਿਪਟੀ ਸਟੇਟ ਪ੍ਰਾਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ, ਚੰਡੀਗੜ੍ਹ।**

ਪਿਠਅੰਕਣ ਨੰ: ਉਕਤ/21910-929 ਮਿਤੀ:26/4/11

ਉਤਾਰਾ: (1) ਸਮੂਹ ਪੜ੍ਹੋ ਪੰਜਾਬ ਜ਼ਿਲ੍ਹਾ ਕੋਆਰਡੀਨੇਟਰ, ਪੰਜਾਬ।

**ਡਿਪਟੀ ਸਟੇਟ ਪ੍ਰਾਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ, ਚੰਡੀਗੜ੍ਹ।**